ਸਾਰਗ ਮਹਲਾ ੫ ॥ ਹਰਿ ਕੇ ਨਾਮਹੀਨ ਮਤਿ ਥੋਰੀ ॥ ਸਿਮਰਤ ਨਾਹਿ ਸਿਰੀਧਰ ਠਾਕੁਰ ਮਿਲਤ ਅੰਧ ਦੁਖ ਘੋਰੀ ॥੧॥ ਰਹਾਉ ॥ ਹਰਿ ਕੇ ਨਾਮ ਸਿਉ ਪ੍ਰੀਤਿ ਨ ਲਾਗੀ ਅਨਿਕ ਭੇਖ ਬਹੁ ਜੋਰੀ ॥ ਤੂਟਤ ਬਾਰ ਨ ਲਾਗੈ ਤਾ ਕਉ ਜਿਉ ਗਾਗਰਿ ਜਲ ਫੋਰੀ ॥੧॥ ਕਰਿ ਕਿਰਪਾ ਭਗਤਿ ਰਸੁ ਦੀਜੈ ਮਨੁ ਖਚਿਤ ਪ੍ਰੇਮ ਰਸ ਖੋਰੀ ॥ ਨਾਨਕ ਦਾਸ ਤੇਰੀ ਸਰਣਾਈ ਪ੍ਰਭ ਬਿਨੁ ਆਨ ਨ ਹੋਰੀ ॥ ੨॥੭੧॥੯੪॥
{ਪੰਨਾ 1222}

ਅਰਥ:- ਹੀਨ—ਸੱਖਣੇ। ਥੋਰੀ—ਥੋੜੀ, ਹੋਛੀ। ਸਿਰੀਧਰ—ਲੱਛਮੀ ਦਾ ਆਸਰਾ ਪ੍ਰਭੂ। ਅੰਧ—(ਮਾਇਆ ਦੇ ਮੋਹ ਵਿਚ) ਅੰਨ੍ਹੇ ਹੋ ਚੁਕੇ ਮਨੁੱਖਾਂ ਨੂੰ। ਘੋਰੀ—ਘੋਰ, ਭਿਆਨਕ।1। ਰਹਾਉ।

ਸਿਉ—ਨਾਲ। ਭੇਖ—(ਵਿਖਾਵੇ-ਮਾਤ੍ਰ) ਧਾਰਮਿਕ ਪਹਿਰਾਵੇ। ਜੋਰੀ—ਜੋੜੀ (ਪ੍ਰੀਤ)। ਬਾਰ—ਚਿਰ। ਤਾ ਕਉ ਤੂਟਤ—ਉਸ (ਪ੍ਰੀਤ) ਨੂੰ ਟੁੱਟਦਿਆਂ। ਫੋਰੀ—ਟੁੱਟੀ ਹੋਈ।1।

ਦੀਜੈ—ਦੇਹ। ਖਚਿਤ—ਮਸਤ ਰਹੇ। ਖੋਰੀ—ਖ਼ੁਮਾਰੀ ਵਿਚ। ਆਨ—{ANX} ਹੋਰ ਦੂਜਾ।2।

ਅਰਥ:- ਹੇ ਭਾਈ! ਜਿਹੜੇ ਮਨੁੱਖ ਪਰਮਾਤਮਾ ਦੇ ਨਾਮ ਤੋਂ ਵਾਂਝੇ ਰਹਿੰਦੇ ਹਨ, ਉਹਨਾਂ ਦੀ ਮਤਿ ਹੋਛੀ ਜਿਹੀ ਹੀ ਬਣ ਜਾਂਦੀ ਹੈ। ਉਹ ਲੱਖਮੀ-ਪਤੀ ਮਾਲਕ-ਪ੍ਰਭੂ ਦਾ ਨਾਮ ਨਹੀਂ ਸਿਮਰਦੇ। ਮਾਇਆ ਦੇ ਮੋਹ ਵਿਚ ਅੰਨ੍ਹੇ ਹੋ ਚੁਕੇ ਉਹਨਾਂ ਮਨੁੱਖਾਂ ਨੂੰ ਭਿਆਨਕ (ਆਤਮਕ) ਦੁੱਖ-ਕਲੇਸ ਵਾਪਰਦੇ ਰਹਿੰਦੇ ਹਨ।1। ਰਹਾਉ।

ਹੇ ਭਾਈ! ਜਿਹੜੇ ਮਨੁੱਖ ਪਰਮਾਤਮਾ ਦੇ ਨਾਮ ਨਾਲ ਪਿਆਰ ਨਹੀਂ ਪਾਂਦੇ, ਪਰ ਅਨੇਕਾਂ ਧਾਰਮਿਕ ਭੇਖਾਂ ਨਾਲ ਪ੍ਰੀਤ ਜੋੜੀ ਰੱਖਦੇ ਹਨ, ਉਹਨਾਂ ਦੀ ਇਸ ਪ੍ਰੀਤ ਦੇ ਟੁੱਟਦਿਆਂ ਚਿਰ ਨਹੀਂ ਲੱਗਦਾ, ਜਿਵੇਂ ਟੁੱਟੀ ਹੋਈ ਗਾਗਰ ਵਿਚ ਪਾਣੀ ਨਹੀਂ ਠਹਿਰ ਸਕਦਾ।1।

ਹੇ ਨਾਨਕ! (ਆਖ—ਹੇ ਪ੍ਰਭੂ!) ਮਿਹਰ ਕਰ, ਮੈਨੂੰ ਆਪਣੀ ਭਗਤੀ ਦਾ ਸੁਆਦ ਬਖ਼ਸ਼, ਮੇਰਾ ਮਨ ਤੇਰੇ ਪ੍ਰੇਮ-ਰਸ ਦੀ ਖ਼ੁਮਾਰੀ ਵਿਚ ਮਸਤ ਰਹੇ। ਹੇ ਪ੍ਰਭੂ! (ਤੇਰਾ) ਦਾਸ ਨਾਨਕ ਤੇਰੀ ਸਰਨ ਆਇਆ ਹੈ। ਹੇ ਪ੍ਰਭੂ! ਤੈਥੋਂ ਬਿਨਾ ਮੇਰਾ ਕੋਈ ਹੋਰ ਦੂਜਾ ਸਹਾਰਾ ਨਹੀਂ ਹੈ।2। 71। 94।